# Telephone conversation between Prime Minister and Crown Prince of Abu Dhabi

May 25, 2020

## ਪ੍ਰਧਾਨ ਮੰਤਰੀ ਅਤੇ ਅਬੂ ਧਾਬੀ ਦੇ ਯੁਵਰਾਜ ਵਿਚਾਲੇ ਟੈਲੀਫੋਨ 'ਤੇ ਗੱਲਬਾਤ

25 ਮਈ, 2020

ਅਬੂ ਧਾਬੀ ਦੇ ਯੁਵਰਾਜ ਹਿਜ਼ ਹਾਈਨੈੱਸ ਸ਼ੇਖ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨਾਲ ਅੱਜ ਟੈਲੀਫੋਨ ’ਤੇ ਗੱਲਬਾਤ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਸੰਯੁਕਤ ਅਰਬ ਅਮੀਰਾਤ ਸਰਕਾਰ ਅਤੇ ਲੋਕਾਂ ਨੂੰ ਈਦ-ਉਲ-ਫਿਤਰ ਦੀ ਵਧਾਈ ਦਿੱਤੀ।

ਦੋਨਾਂ ਆਗੂਆਂ ਨੇ COVID -19 ਮਹਾਂਮਾਰੀ ਦੇ ਹਾਲਾਤ ਦੌਰਾਨ ਦੋਵਾਂ ਦੇਸ਼ਾਂ ਦਰਮਿਆਨ ਕਾਰਗਰ ਭਾਈਵਾਲੀ ਬਾਰੇ ਤਸੱਲੀ ਪ੍ਰਗਟਾਈ। ਪ੍ਰਧਾਨ ਮੰਤਰੀ ਮੋਦੀ ਨੇ ਸੰਯੁਕਤ ਅਰਬ ਅਮੀਰਾਤ ਵਿੱਚ ਰਹਿ ਰਹੇ ਭਾਰਤੀ ਨਾਗਰਿਕਾਂ ਨੂੰ ਦਿੱਤੀ ਜਾ ਰਹੀ ਮਦਦ ਲਈ ਯੁਵਰਾਜ ਦਾ ਧੰਨਵਾਦ ਕੀਤਾ।

ਪ੍ਰਧਾਨ ਮੰਤਰੀ ਨੇ ਯੁਵਰਾਜ, ਸ਼ਾਹੀ ਪਰਿਵਾਰ ਅਤੇ ਸੰਯੁਕਤ ਅਰਬ ਅਮੀਰਾਤ ਦੇ ਲੋਕਾਂ ਦੀ ਚੰਗੀ ਸਿਹਤ ਅਤੇ ਤੰਦਰੁਸਤੀ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

ਨਵੀਂ ਦਿੱਲੀ
25 ਮਈ, 2020

DISCLAIMER: This is an approximate translation. The original is available in English on MEA’s website and may be referred to as the official press release.